# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-05-2024**

ਪੰਜਾਬ ਵਿਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ, ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖਿਆ ਹੋਇਆ ਏ। ਖੁੱਲ੍ਹੇ ਆਮ ਚੋਣ ਪ੍ਰਚਾਰ ਅੱਜ ਤੇ ਕਲ ਹੀ ਕੀਤਾ ਜਾ ਸਕੇਗਾ, ਇਸ ਲਈ ਵੱਖ-ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਪ੍ਰਚਾਰ ਵਿਚ ਪੂਰੀ ਵਾਹ ਲਗਾ ਰਹੇ ਨੇ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 30 ਮਈ ਨੂੰ ਹੁਸ਼ਿਆਰਪੁਰ ਵਿਚ ਪਾਰਟੀ ਉਮੀਦਵਾਰ ਅਨੀਤਾ ਸੋਮ ਪ੍ਰਕਾਸ਼ ਦੇ ਹੱਕ ਵਿਚ, ਇਕ ਚੋਣ ਰੈਲੀ ਨੂੰ ਸੰਬੋਧਨ ਕਰਨਗੇ । ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ, ਕਲ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਏਧਰ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਵਲੋਂ, ਅੱਜ ਲੁਧਿਆਣਾ ਤੇ ਪਟਿਆਲਾ ਵਿਚ ਚੋਣ ਰੈਲੀਆਂ ਨੂੰ

ਸੰਬੋਧਨ ਕਰਨ ਦਾ ਪ੍ਰੋਗਰਾਮ ਏ। ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਲ ਅੰਮ੍ਰਿਤਸਰ ਵਿਚ ਕਿਹਾ ਕਿ ਪੰਜਾਬ ਨੂੰ ਨਸ਼ੇ ਤੋਂ ਬਚਾਉਣ ਦੀ ਜਰੂਰਤ ਏ । ਸੀਨੀਅਰ BJP ਆਗੂ ਅਤੇ ਮੱਧ ਪ੍ਰਦੇਸ਼ ਦੇ ਮੁਖ ਮੰਤਰੀ, ਡਾਕਟਰ ਮੋਹਨ ਯਾਦਵ ਵੀ ਪੰਜਾਬ ਦੌਰੇ ਤੇ ਨੇ ਅਤੇ ਉਨਾਂ ਕਲ ਜਲੰਧਰ ਵਿਚ ਚੋਣ ਪ੍ਰਚਾਰ ਕੀਤਾ। ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਮੁਹਾਲੀ ਦੇ ਕਸਬੇ ਬਲਟਾਨਾ ਜੀਰਕਪੁਰ ਵਿਖੇ ਪਟਿਆਲਾ ਲੋਕ ਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਡਾ. ਬਲਬੀਰ ਸਿੰਘ ਦੇ ਹੱਕ ਵਿਚ ਰੋਡ ਸ਼ੋ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਲਗਾਤਾਰ ਪ੍ਰਚਾਰ ਕਰ ਰਹੇ ਨੇ। ਉਧਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਵੱਖ ਵੱਖ ਥਾਂਵਾਂ ਤੇ ਚੋਣ ਰੈਲੀਆਂ ਕਰ ਰਹੇ ਨੇ।

----------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਿਹਾ ਏ, ਕਿ ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਪਹਿਲੀ ਜੂਨ ਨੂੰ ਵੋਟਿੰਗ ਵਾਲੇ ਦਿਨ ਵੋਟ ਪਾਉਣ ਲਈ, ਪੰਜਾਬ ਵਿੱਚ ਵਿਸ਼ੇਸ਼ ਛੁੱਟੀ ਰਹੇਗੀ। ਉਨ੍ਹਾਂ ਦੱਸਿਆ ਕਿ

ਸੂਬੇ ਦੇ ਸਰਕਾਰੀ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਤੇ ਵਿੱਦਿਅਕ ਅਦਾਰਿਆਂ ਲਈ, ਪਹਿਲੀ ਜੂਨ ਸ਼ਨੀਵਾਰ ਨੂੰ ਗਜ਼ਟਿਡ ਛੁੱਟੀ ਰਹੇਗੀ। ਇਹ ਛੁੱਟੀ ਨੈਗੋ-ਸ਼ੀਏਬਲ ਇੰਸਟਰੂਮੈਂਟ ਐਕਟ-1881 ਤਹਿਤ ਵੀ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਸੂਬੇ ਦੇ ਕਿਸੇ ਵੀ ਸਨਅਤੀ ਅਦਾਰੇ, ਕਾਰੋਬਾਰ, ਵਪਾਰ ਜਾਂ ਕਿਸੇ ਵੀ ਹੋਰ ਅਦਾਰੇ ਵਿੱਚ ਕੰਮ ਕਰਨ ਵਾਲੇ ਵੋਟਰਾਂ ਨੂੰ ਵੀ ਵੋਟ ਪਾਉਣ ਲਈ ਲੋਕ ਨੁਮਾਇਦਗੀ ਐਕਟ 1951 ਦੀ ਧਾਰਾ 135 ਬੀ (1) ਮੁਤਾਬਕ, ਪਹਿਲੀ ਜੂਨ ਨੂੰ ਅਦਾਇਗੀ ਯੋਗ ਛੁੱਟੀ ਐਲਾਨੀ ਗਈ ਏ। ਇਸ ਸਬੰਧੀ ਨੋਟੀਫਿਕੇਸ਼ਨ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਜਾਰੀ ਕੀਤਾ ਜਾ ਚੁੱਕਾ ਏ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਪਹਿਲੀ ਜੂਨ ਨੂੰ ਵੋਟਿੰਗ ਦੇ ਮੱਦੇਨਜ਼ਰ, 30 ਜੂਨ ਨੂੰ ਸ਼ਾਮ ਪੰਜ ਵਜੇ ਤੋਂ ਪਹਿਲੀ ਜੂਨ ਸ਼ਾਮ 7 ਵਜੇ ਤੱਕ ਡ੍ਰਾਈ ਡੇਅ ਰਹੇਗਾ। ਇਸ ਤੋਂ ਇਲਾਵਾ ਨਤੀਜਿਆਂ ਵਾਲੇ ਦਿਨ ਚਾਰ ਜੂਨ ਨੂੰ ਵੀ ਸੂਬੇ ਵਿੱਚ ਡ੍ਰਾਈ ਡੇਅ ਐਲਾਨਿਆ ਗਿਆ ਏ। ਉਨ੍ਹਾਂ ਕਿਹਾ ਕਿ ਪਹਿਲੀ ਜੂਨ ਨੂੰ ਵੋਟਾਂ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ। ਉਨ੍ਹਾਂ ਵੋਟਰਾਂ ਨੂੰ ਵੱਧ ਚੜ੍ਹ ਕੇ ਆਪਣੇ ਵੋਟ ਦੇ ਅਧਿਕਾਰ ਦੀ

ਵਰਤੋਂ ਕਰਕੇ ਲੋਕਤੰਤਰ ਦੇ ਇਸ ਸੱਭ ਤੋਂ ਵੱਡੇ ਤਿਉਹਾਰ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਏ, ਤਾਂ ਜੋ ਚੋਣ ਕਮਿਸ਼ਨ ਦੇ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਵੀ ਹਾਸਲ ਕੀਤਾ ਜਾ ਸਕੇ।

---------------------------------------------------------

ਦੁਨੀਆ ਭਰ ਵਿਚ ਖੇਡਾਂ ਦੇ ਸਮਾਨ ਲਈ ਇਕ ਵੱਖਰੀ ਪਛਾਣ ਰੱਖਣ ਵਾਲਾ, ਜਲੰਧਰ ਰਾਖਵਾਂ ਲੋਕ ਸਭਾ ਹਲਕਾ ਦੇਸ਼ ਦੇ ਵੱਕਾਰੀ ਲੋਕਸਭਾ ਹਲਕਿਆਂ ਵਿੱਚ ਸ਼ਾਮਲ ਏ। ਕੁੱਲ 9 ਵਿਧਾਨਸਭਾ ਹਲਕਿਆਂ ਵਾਲੇ ਇਸ ਲੋਕਸਭਾ ਹਲਕੇ ਵਿੱਚ ਵੋਟਰਾਂ ਦੀ ਗਿਣਤੀ 16 ਲੱਖ 54 ਹਜ਼ਾਰ 3 ਏ। ਇਨ੍ਹਾਂਵਿੱਚ 8 ਲੱਖ 59 ਹਜ਼ਾਰ 6 87 ਮਰਦ, 7 ਲੱਖ 94 ਹਜ਼ਾਰ 272 ਔਰਤ ਅਤੇ 44 ਟਰਾਂਸਜੈਂਡਰ ਵੋਟਰ ਸ਼ਾਮਲ ਨੇ।

***<u>ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਦੋਆਬਾ ਖੇਤਰ ਵਿੱਚ ਪੈਂਦਾ ਜਲੰਧਰ ਰਾਖਵਾਂ ਲੋਕਸਭਾ ਹਲਕਾ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਦਾ ਗੜ੍ਹ ਰਿਹਾ ਏ ਪਰ ਪਿਛਲੇ ਸਾਲ ਕਾਂਗਰਸ ਦੇ ਸਾਂਸਦ ਸੰਤੋਖ ਸਿੰਘ ਚੌਧਰੀ ਦੇ ਅਚਾਨਕ ਦਿਹਾਂਤ ਤੋਂ ਬਾਅਦ ਹੋਈ ਉਪ ਚੋਣ</u>***

ਵਿਚ ਸੁਸ਼ੀਲ ਕੁਮਾਰ ਰਿੰਕੂ ਨੂੰ ਜਿੱਤ ਹਾਸਲ ਹੋਈ ਸੀ ਜਦੋਂ ਉਹ ਚੋਣਾਂ ਦੇ ਮੌਕੇ ਤੇ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ। ਇਸ ਵਾਰ ਸੁਸ਼ੀਲ ਕੁਮਾਰ ਰਿੰਕੂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਨੇ । ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਕਾਂਗਰਸ ਵੱਲੋਂ ਚੋਣ ਮੈਦਾਨ ਵਿੱਚ ਨਿਤਰੇ ਹੋਏ ਨੇ ਪਰ ਜਲੰਧਰ ਲੋਕਸਭਾ ਹਲਕੇ ਤੋਂ ਬਾਹਰੀ ਹੋਣ ਕਾਰਨ ਉਨ੍ਹਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਏ। ਇਸ ਦੌਰਾਨ ਚੋਣਾਂ ਮੌਕੇ ਸ਼੍ਰੋਮਣੀ ਅਕਾਲੀ ਦਲ ਛੱਡ ਕੇ ਆਏ ਪਵਨ ਕੁਮਾਰ ਟੀਨੂੰ 'ਤੇ ਸੱਤਾਧਾਰੀ ਆਮ ਆਦਮੀ ਪਾਰਟੀ ਨੇ ਭਰੋਸਾ ਪ੍ਰਗਟਾਇਆ ਏ ਜਦਕਿ ਟਿਕਟ ਨਾ ਮਿਲਣ ਤੋਂ ਨਾਰਾਜ਼ ਹੋ ਕੇ ਕਾਂਗਰਸ ਪਾਰਟੀ ਤੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ ਮਹਿੰਦਰ ਸਿੰਘ ਕੇ.ਪੀ. ਹੁਣ ਅਕਾਲੀ ਦਲ ਦੇ ਉਮੀਦਵਾਰ ਵਜੋਂ ਚੋਣ ਮੈਦਾਨ ਵਿਚ ਨੇ। ਬਹੁਜਨ ਸਮਾਜ ਪਾਰਟੀ ਦੇ ਬਲਵਿੰਦਰ ਕੁਮਾਰ ਵੀ ਆਪਣੀ ਕਿਸਮਤ ਅਜ਼ਮਾ ਰਹੇ ਨੇ। ਕਈ ਵੱਡੀਆਂ ਪਾਰਟੀਆਂ ਦੇ ਉਮੀਦਵਾਰ ਇੱਕ ਪਾਰਟੀ ਤੋਂ ਦੂਜੀ ਪਾਰਟੀ ਵਿੱਚ ਸ਼ਾਮਲ ਹੋਏ ਨੇ ਅਜਿਹੇ ਵਿੱਚ ਉਨ੍ਹਾਂ ਦਾ ਆਪਣਾ

***ਪ੍ਰਭਾਵ ਅਤੇ ਪਾਰਟੀ ਵਰਕਰਾਂ ਦੀ ਸਰਗਰਮ ਹਮਾਇਤ ਹੀ ਉਨ੍ਹਾਂ ਦੀ ਕਾਮਯਾਬੀ ਦਾ ਰਾਹ ਤੈਅ ਕਰੇਗੀ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਵੋਟਿੰਗ ਮੁਕੰਮਲ ਹੋਣ ਤੋਂ 48 ਘੰਟੇ ਪਹਿਲਾਂ, ਭਾਵ ਚੋਣ ਪ੍ਰਚਾਰ ਖਤਮ ਹੁੰਦੇ ਸਾਰ ਹੀ ਇਲੈਕਟ੍ਰਾਨਿਕ ਮੀਡੀਆ ਸਮੇਤ ਰੇਡੀਓ-ਟੈਲੀਵੀਜ਼ਨ, ਸੋਸ਼ਲ ਮੀਡੀਆ ’ਤੇ ਹੋਣ ਵਾਲੇ ਸਿਆਸੀ ਪ੍ਰਚਾਰ ਤੇ ਇਸ਼ਤਿਹਾਰ ’ਤੇ ਵੀ ਰੋਕ ਲੱਗ ਜਾਵੇਗੀ। ਇਹ ਰੋਕ ਐਗਜ਼ਿਟ ਪੋਲ ਅਤੇ ਓਪੀਨੀਅਨ ਪੋਲ ’ਤੇ ਵੀ ਲਾਗੂ ਹੋਵੇਗੀ । ਭਲਕੇ 30 ਮਈ ਸ਼ਾਮ 6 ਵਜੇ ਤੋਂ ਬਾਅਦ ਰੇਡੀਓ, ਟੈਲੀਵੀਜ਼ਨ, ਸਿਨੇਮਾ, ਸੋਸ਼ਲ ਮੀਡੀਆ, ਬਲਕ SMS ਜਾਂ ਪ੍ਰੀ-ਰਿਕਾਰਡਡ SMS ਸੁਨੇਹਿਆਂ ਸਮੇਤ ਅਜਿਹੇ ਹੋਰ ਕਿਸੇ ਵੀ ਸਾਧਨ ’ਤੇ ਚੋਣ ਪ੍ਰਚਾਰ ਨਹੀਂ ਕੀਤਾ ਜਾ ਸਕੇਗਾ ਅਤੇ ਨਾ ਹੀ, ਸਿਆਸੀ ਇਸ਼ਤਿਹਾਰ ਦਿੱਤਾ ਜਾ ਸਕੇਗਾ, ਜਿਹੜਾ ਕਿ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਇਲੈਕਟ੍ਰਾਨਿਕ ਮੀਡੀਆ ਦੇ ਘੇਰੇ ਵਿੱਚ ਆਉਂਦਾ ਏ ।

ਚੋਣ ਅਮਲ ਵਿੱਚ ਹਿਸਾ ਲੈ ਰਹੀਆਂ ਸਿਆਸੀ ਪਾਰਟੀਆਂ ਅਤੇ ਉਮੀਦਵਾਰ, 31 ਮਈ ਤੇ ਪਹਿਲੀ ਜੂਨ ਨੂੰ ਛਪਣ ਵਾਲੀਆਂ ਅਖਬਾਰਾਂ ਵਿੱਚ ਆਪਣੇ ਇਸ਼ਤਿਹਾਰ ਮੀਡੀਆ ਸਰਟੀਫ਼ਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦੀ ਪ੍ਰਵਾਨਗੀ ਉਪਰੰਤ ਹੀ ਛਪਵਾ ਸਕਦੇ ਨੇ।

---------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਹਾਲੇ ਜਾਰੀ ਏ, ਪਰ ਮੌਸਮ ਵਿਭਾਗ ਅਨੁਸਾਰ ਭਲਕੇ 30 ਮਈ ਤੇ ਪਹਿਲੀ ਜੂਨ ਨੂੰ ਕਿਤੇ ਕਿਤੇ ਹਨੇਰੀ ਝੱਖੜ ਤੇ ਬੂੰਦਾਬਾਂਦੀ ਨਾਲ ਤਾਪਮਾਨ ਕੁਝ ਹੇਠਾਂ ਆ ਸਕਦਾ ਏ, ਪਰ ਇਸ ਵੇਲੇ ਸਵੇਰ ਤੋਂ ਹੀ ਵਗਦੇ ਲੂ ਦੇ ਥਪੇੜੇ ਹਰ ਕਿਸੇ ਨੂੰ ਪਰੇਸ਼ਾਨ ਕਰ ਰਹੇ ਨੇ ਅਤੇ ਆਮ ਜਨ-ਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ, ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ। ਲੋਕਾਂ ਨੂੰ ਸਲਾਹ ਦੇਂਦਿਆਂ ਅਥਾਰਿਟੀ ਨੇ ਕਿਹਾ ਏ, ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਗੁਰੇਜ਼ ਕੀਤਾ ਜਾਵੇ ਅਤੇ ਛਾਂ ਵਿੱਚ

ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੌਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸ-ਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ-ਲਾਇਟ੍ਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ, ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ।